**ਪ੍ਰੈਸ ਨੋਟ**

ਸੜਕ ਸੁਰੱਖਿਆ ਦੇ ਅਖੀਰਲੇ ਦਿਨ ਲਗਾਇਆ ਮੁਫ਼ਤ ਅੱਖਾਂ ਦਾ ਚੈੱਕਅੱਪ।

ਐਸ.ਐਸ.ਪੀ ਸ੍ਰੀ ਭਾਗੀਰਥ ਸਿੰਘ ਮੀਨਾ ਵੱਲੋਂ ਲੋਕਾਂ ਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਦੀ ਕੀਤੀ ਅਪੀਲ।

ਸ੍ਰੀ ਮੁਕਤਸਰ ਸਾਹਿਬ ( ) ਮਾਨਯੋਗ ਸ੍ਰੀ ਗੌਰਵ ਯਾਦਵ ਆਈ.ਪੀ.ਐਸ ਡੀ.ਜੀ.ਪੀ ਪੰਜਾਬ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿਲਾ ਅੰਦਰ 15 ਜਨਵਰੀ ਤੋਂ 14 ਫਰਵਰੀ ਤੱਕ ਨੈਸ਼ਨਲ ਸੜਕ ਸੁਰੱਖਿਆ ਮਹੀਨਾ ਮਨਾਇਆ ਗਿਆ ਜਿਸ ਤਹਿਤ ਪੁਲਿਸ ਦੀਆਂ ਵੱਖ ਵੱਖ ਟੁਕੜੀਆਂ ਵੱਲੋਂ ਜਿੱਥੇ ਸਕੂਲਾਂ/ਕਾਲਜਾਂ ਵਿੱਚ ਸੜਕ ਸੁਰੱਖਿਆ ਨਿਯਮਾਂ ਬਾਰੇ ਸੈਮੀਨਾਰ ਰਾਹੀਂ ਜਾਗਰੂਕ ਕੀਤਾ ਉਥੇ ਹੀ ਜਿਲੇ ਦੀਆਂ ਸਬ ਡਿਵੀਜ਼ਨਾਂ/ਪਿੰਡਾਂ/ਸ਼ਹਿਰਾਂ ਅੰਦਰ ਸਕੂਲੀ ਵਿਦਿਆਰਥੀਆਂ ਤੇ ਸਮਾਜ ਸੇਵੀ ਸੰਸਥਾਵਾਂ ਨਾਲ ਪੈਦਲ ਅਤੇ ਸਾਈਕਲ ਰੈਲੀਆਂ ਕੱਢ ਕੇ ਅਤੇ ਰੈਲੀਆਂ ਦੌਰਾਨ ਹੱਥਾਂ ਵਿੱਚ ਜਾਗਰੂਕਤਾ ਤਖਤੀਆਂ ਫੜ ਕੇ ਲੋਕਾਂ ਨੂੰ ਸੜਕ ਸੁਰੱਖਿਆ ਨਿਯਮਾਂ ਬਾਰੇ ਜਾਗਰੂਕ ਕੀਤਾ ਗਿਆ। ਇਸੇ ਤਹਿਤ ਹੀ ਅੱਜ ਨੈਸ਼ਨਲ ਸੜਕ ਸੁਰੱਖਿਆ ਮਹੀਨੇ ਦੇ ਅਖੀਰਲੇ ਦਿਨ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਮੁਕਤੀਸਰ ਵੈਲਫੇਅਰ ਕਲੱਬ ਦੇ ਸਹਿਯੋਗ ਨਾਲ ਤਨੇਜਾ ਪੈਟਰੋਲ ਪੰਪ ਤੇ ਮੁਫਤ ਅੱਖਾਂ ਦਾ ਚੈਕਅਪ ਕੈਂਪ ਆਯੋਜਿਤ ਕੀਤਾ ਗਿਆ। ਇਸ ਕੈਂਪ ਵਿੱਚ ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਦੇ ਮਾਹਿਰ ਡਾਕਟਰ ਹਰਸ਼ਪ੍ਰੀਤ ਕੌਰ (ਸਿਹਤ ਵਿਭਾਗ), ਫਾਰਮੇਸੀ ਅਫਸਰ ਸ੍ਰੀਮਤੀ ਆਰਤੀ, ਐਸ.ਆਈ ਵਰੁਣ ਮੁੱਖ ਅਫਸਰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ,ਸ. ਜਸਪ੍ਰੀਤ ਸਿੰਘ ਛਾਬੜਾ ਪ੍ਰਧਾਨ ਵੈਲਫੇਅਰ ਕਲੱਬ ਅਤੇ ਮੈਂਬਰ ਰਾਜ ਸੜਕ ਸੁਰੱਖਿਆ ਸਲਾਹਕਾਰ, ਰਿਸ਼ੀ ਤਨੇਜਾ ਮੌਜੂਦ ਸਨ।

ਇਸ ਮੌਕੇ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਵੱਲੋਂ ਅੱਖਾਂ ਦੇ ਮੈਡੀਕਲ ਕੈਂਪ ਦਾ ਰੀਬਨ ਕੱਟ ਕੇ ਸ਼ੁਰੂਆਤ ਕੀਤੀ ਗਈ ਅਤੇ ਉਹਨਾਂ ਦੱਸਿਆ ਕਿ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਜਿਲ੍ਹਾ ਅੰਦਰ 15 ਜਨਵਰੀ ਤੋਂ 14 ਫਰਵਰੀ ਤੱਕ ਨੈਸ਼ਨਲ ਸੜਕ ਸੁਰੱਖਿਆ ਮਹੀਨਾ ਮਨਾਇਆ ਗਿਆ ਜਿਸ ਤਹਿਤ ਲੋਕਾਂ ਅਤੇ ਸਕੂਲੀ ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਜਾਗਰੂਕ ਕੀਤਾ ਗਿਆ। ਉਹਨਾਂ ਕਿਹਾ ਕਿ ਇਸ ਤਰ੍ਹਾਂ ਦੇ ਜਾਗਰੂਕਤਾ ਕੈਂਪ ਅੱਗੇ ਵੀ ਚਲਦੇ ਰਹਿਣਗੇ ਅਤੇ ਲੋਕਾਂ ਨੂੰ ਸੜਕੀ ਹਾਦਸਿਆਂ ਤੋਂ ਬਚਾਉਣ ਲਈ ਟ੍ਰੈਫਿਕ ਨਿਯਮਾਂ ਬਾਰੇ ਜਾਗਰੂਕ ਕੀਤਾ ਜਾਵੇਗਾ। ਇਸ ਮੌਕੇ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਮੁਕਤੀਸਰ ਕਲੱਬ ਦੇ ਸਹਿਯੋਗ ਨਾਲ ਸਾਈਕਲ ਸਵਾਰਾ ਨੂੰ 100 ਦੇ ਕ੍ਰੀਬ ਰਿਫਲੈਕਟਰ ਜੈਕਟਾਂ ਵੰਡੀਆਂ ਗਈਆਂ ਤਾਂ ਜੋ ਸਾਈਕਲ ਤੇ ਆਪਣੇ ਕੰਮਕਾਰ ਤੋਂ ਵਾਪਸ ਆਉਂਦਿਆਂ ਰਾਤ ਸਮੇਂ ਹਾਦਸਿਆਂ ਤੋਂ ਬਚਿਆ ਜਾ ਸਕੇ ਅਤੇ ਪ੍ਰਦੂਸ਼ਣ ਚੈੱਕ ਟੀਮ ਵੱਲੋਂ ਵਹੀਕਲ ਦੇ ਮੁਫਤ ਪ੍ਰਦੂਸ਼ਣ ਚੈੱਕ ਕੀਤੇ ਗਏ।